ਧਨਾਸਰੀ ਮਹਲਾ ੫ ॥ ਅਪਨੀ ਉਕਤਿ ਖਲਾਵੈ ਭੋਜਨ ਅਪਨੀ ਉਕਤਿ ਖੇਲਾਵੈ ॥ ਸਰਬ ਸੂਖ ਭੋਗ ਰਸ ਦੇਵੈ ਮਨ ਹੀ ਨਾਲਿ ਸਮਾਵੈ ॥ ੧॥ ਹਮਰੇ ਪਿਤਾ ਗੋਪਾਲ ਦਇਆਲ ॥ ਜਿਉ ਰਾਖੈ ਮਹਤਾਰੀ ਬਾਰਿਕ ਕਉ ਤੈਸੇ ਹੀ ਪ੍ਰਭ ਪਾਲ ॥੧॥ ਰਹਾਉ ॥ ਮੀਤ ਸਾਜਨ ਸਰਬ ਗੁਣ ਨਾਇਕ ਸਦਾ ਸਲਾਮਤਿ ਦੇਵਾ ॥ ਈਤ ਊਤ ਜਤ ਕਤ ਤਤ ਤੁਮ ਹੀ ਮਿਲੈ ਨਾਨਕ ਸੰਤ ਸੇਵਾ ॥੨॥੮॥੩੯॥ {ਪੰਨਾ 680}

ਪਦਅਰਥ:- ਉਕਤਿ—ਜੁਗਤਿ, ਢੰਗ, ਤਰੀਕਾ, ਵਿਓਂਤ। ਖਲਾਵੈ ਭੋਜਨ—ਖਾਣਾ ਖੁਆਂਦਾ ਹੈ। ਖੇਲਾਵੈ—ਖਿਡਾਂਦਾ ਹੈ। ਸਰਬ—ਸਾਰੇ। ਮਨ ਹੀ ਨਾਲਿ—ਸਾਡੇ ਮਨ ਦੇ ਨਾਲ ਹੀ, ਸਾਡੇ ਸਦਾ ਅੰਗ-ਸੰਗ। ਸਮਾਵੈ—ਮੌਜੂਦ ਰਹਿੰਦਾ ਹੈ।1।

ਗੋਪਾਲ—ਹੇ ਸ੍ਰਿਸ਼ਟੀ ਦੇ ਪਾਲਣਹਾਰ! ਮਹਤਾਰੀ—ਮਾਂ। ਬਾਰਿਕ ਕਉ—ਬੱਚੇ ਨੂੰ। ਪਾਲ—ਪਾਲਣ ਵਾਲਾ।1।

ਸਰਬ ਗੁਣ—ਸਾਰੇ ਗੁਣਾਂ ਵਾਲਾ। ਨਾਇਕ—ਆਗੂ, ਜੀਵਨ-ਅਗਵਾਈ ਕਰਨ ਵਾਲਾ। ਸਲਾਮਤਿ—ਜੀਊਂਦਾ। ਦੇਵਾ—ਪ੍ਰਕਾਸ਼-ਰੂਪ ਪ੍ਰਭੂ। ਈਤ—ਇਸ ਲੋਕ ਵਿਚ। ਊਤ—ਪਰਲੋਕ ਵਿਚ। ਜਤ ਕਤ ਤਤ—ਜਿੱਥੇ ਕਿੱਥੇ ਤਿੱਥੇ, ਹਰ ਥਾਂ। ਨਾਨਕ—ਹੇ ਨਾਨਕ!।2।

ਅਰਥ:- ਹੇ ਦਇਆ ਦੇ ਘਰ! ਹੇ ਸ੍ਰਿਸ਼ਟੀ ਦੇ ਪਾਲਣਹਾਰ! ਹੇ ਸਾਡੇ ਪਿਤਾ ਪ੍ਰਭੂ! ਜਿਵੇਂ ਮਾਂ ਆਪਣੇ ਬੱਚੇ ਦੀ ਪਾਲਣਾ ਕਰਦੀ ਹੈ ਤਿਵੇਂ ਹੀ ਤੂੰ ਸਾਨੂੰ ਜੀਵਾਂ ਨੂੰ ਪਾਲਣ ਵਾਲਾ ਹੈਂ।1। ਰਹਾਉ।

ਹੇ ਭਾਈ! ਪਰਮਾਤਮਾ ਆਪਣੇ ਹੀ ਢੰਗ ਨਾਲ ਜੀਵਾਂ ਨੂੰ ਖਾਣ-ਪੀਣ ਲਈ ਦੇਂਦਾ ਹੈ, ਆਪਣੇ ਹੀ ਢੰਗ ਨਾਲ ਜੀਵਾਂ ਨੂੰ ਖੇਡਾਂ ਵਿਚ ਪਰਚਾਈ ਰੱਖਦਾ ਹੈ, (ਆਪਣੇ ਹੀ ਢੰਗ ਨਾਲ ਜੀਵਾਂ ਨੂੰ) ਸਾਰੇ ਸੁਖ ਦੇਂਦਾ ਹੈ, ਸਾਰੇ ਸੁਆਦਲੇ ਪਦਾਰਥ ਦੇਂਦਾ ਹੈ, ਤੇ, ਸਦਾ ਸਭ ਦੇ ਅੰਗ-ਸੰਗ ਟਿਕਿਆ ਰਹਿੰਦਾ ਹੈ।1।

ਹੇ ਪ੍ਰਕਾਸ਼-ਰੂਪ ਪ੍ਰਭੂ! ਤੂੰ ਸਾਡਾ ਮਿੱਤਰ ਹੈਂ, ਸਜਣ ਹੈਂ, ਸਾਰੇ ਗੁਣਾਂ ਦਾ ਮਾਲਕ ਹੈਂ, ਸਭ ਦੀ ਜੀਵਨ ਅਗਵਾਈ ਕਰਨ ਵਾਲਾ ਹੈਂ; ਸਦਾ ਜੀਊਂਦਾ ਹੈਂ; ਤੂੰ ਹਰ ਥਾਂ ਇਸ ਲੋਕ ਵਿਚ ਪਰਲੋਕ ਵਿਚ ਮੌਜੂਦ ਹੈਂ। ਹੇ ਨਾਨਕ! (ਆਖ—ਹੇ ਭਾਈ!) ਗੁਰੂ ਦੀ ਸਰਨ ਪਿਆਂ ਉਹ ਪ੍ਰਭੂ ਮਿਲਦਾ ਹੈ।2।8। 39।